# Fategarh sahib

ਅੱਜ ਦੀ ਆਵਾਜ਼

27 June2026

# 15,000 ਅਕਾਲ ਅਕੈਡਮੀ ਵਿਦਿਆਰਥੀਆਂ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵ ਰਿਕਾਰਡ ਬਣਾਉਣ ਦਾ ਯਤਨ

ਤਰਨ ਤਾਰਨ 8 ਅਵਤਾਰ ਸਿੰਘ ਨਿਤਿਨ ਜੋਸ਼ੀ

ਅੰਤਰਰਾਸ਼ਟਰੀ ਨਸ਼ਾ ਵਿਰੁੱਧ ਦਿਵਸ ਦੇ ਮੌਕੇ 'ਤੇ ਦ ਕਲਗੀਧਰ ਟਰੱਸਟ ਵੱਲੋਂ ਚਲਾਏ ਜਾ ਰਹੇ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਵਿੱਚ ਭਾਗ ਲਿਆ। ਸਵੇਰੇ 8.00 ਵਜੇ, ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇੱਕ ਸਮੇਂ ਆਪਣੇ-ਆਪਣੇ ਕੈਂਪਸਾਂ ਵਿੱਚ ਇਕੱਠੇ ਹੋ ਕੇ 'ਅਸੀਂ ਨਸ਼ਾ ਮੁਕਤ ਹਾਂ' ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਗਤੀਵਿਧੀ ਵਰਲਡ ਬੁੱਕ ਆਫ਼ ਰਿਕਾਰਡਜ਼, ਲੰਡਨ ਵਿੱਚ ਦਰਜ ਹੋਣ ਦੇ ਉਦੇਸ਼ ਨਾਲ ਕਰਵਾਈ ਗਈ। ਜ਼ਿਲ੍ਹਾ ਤਰਨ ਤਾਰਨ ਦੇ ਸਕੂਲਾਂ ਵਿੱਚ ਭਾਗੀਦਾਰੀ ਇਸ ਪ੍ਰਕਾਰ ਰਹੀ ਅਕਾਲ ਅਕੈਡਮੀ ਦਾਰੇਵਾਲ ਸਾਹਿਬ 52, ਅਕਾਲ ਅਕੈਡਮੀ ਪੋਤਿਆਂ 110, ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ 119, ਅਕਾਲ ਅਕੈਡਮੀ ਠੱਠਾ ਸਿੰਘ ਵਾਲਾ 94 ਇਸ ਮੌਕੇ 'ਤੇ ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ ਦੀ




ਪ੍ਰਿੰਸੀਪਲ ਸ੍ਰੀਮਤੀ ਜਸ਼ਨ ਮਨਜੀਤ ਕੌਰ ਨੇ ਕਿਹਾ, ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਾਲ ਭਰ ਚੱਲਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਮੁੱਲ-ਅਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਹਨ। ਦ ਕਲਗੀਧਰ ਟਰੱਸਟ ਆਪਣੇ ਵਿਦਿਅਕ ਅਦਾਰਿਆਂ ਰਾਹੀਂ ਨਸ਼ਾ ਰੋਕਥਾਮ ਅਤੇ ਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ।

ਆਗਾਜ਼ ਜਾਗਰਣ

27 June2026

# ਅਕਾਲ ਅਕੈਡਮੀ ਚੁੰਨੀ ਕਲਾਂ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ



ਨੌਰੰਗ ਸਿੰਘ ਖੰਗੂੜਾ ਫਤਿਹਗੜ੍ਹ ਸਾਹਿਬ- ਚੁੰਨੀ ਕਲਾਂ, 26 ਜੂਨ: ਅਕਾਲ ਅਕੈਡਮੀ, ਚੁੰਨੀ ਕਲਾਂ ਵਿਖੇ ਅੱਜ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਬੜੇ ਉਤਸ਼ਾਹ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕੀਤਾ ਗਿਆ।

ਸਮਾਗਮ ਦੌਰਾਨ ਵਿਦਿਆਰਥੀਆਂ ਨੇ ਸਕੂਲ ਕੈਂਪਸ ਵਿੱਚ ਮਨੁੱਖੀ ਲੜੀ ਬਣਾਕੇ ਨਸ਼ਿਆਂ ਖ਼ਿਲਾਫ਼ ਏਕਤਾ ਅਤੇ ਸਾਂਝੇ ਸੰਕਲਪ ਦਾ ਸੰਦੇਸ਼ ਦਿੱਤਾ। ਇਸ ਗਤੀਵਿਧੀ ਦਾ ਉਦੇਸ਼ ਨੌਜਵਾਨਾਂ ਨੂੰ ਸਿਹਤਮੰਦ, ਜ਼ਿੰਮੇਵਾਰ ਅਤੇ ਨਸ਼ਾ-ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।

ਇਸ ਮੌਕੇ ਵਿਦਿਆਰਥੀਆਂ ਨੇ ਨਸ਼ਾ ਵਿਰੋਧੀ ਸਹੁੰ ਵੀ ਚੁੱਕੀ, ਜਿਸ ਵਿੱਚ ਉਨ੍ਹਾਂ ਨੇ ਖੁਦ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਆਪਣੇ ਪਰਿਵਾਰ, ਦੋਸਤਾਂ ਅਤੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦਾ ਦ੍ਰਿੜ੍ਹ ਸੰਕਲਪ ਲਿਆ। ਇਸ ਸਮਾਗਮ ਵਿੱਚ ਮੋਹਾਲੀ ਤੋਂ ਐਮ.ਸੀ. ਸ੍ਰੀਮਤੀ ਬਲਜੀਤ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਵਿਦਿਆਰਥੀਆਂ ਦੀ ਪੇਸ਼ਕਾਰੀ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨ ਹੀ ਦੇਸ਼ ਦਾ ਭਵਿੱਖ ਹਨ ਅਤੇ ਉਹ ਨਸ਼ਾ-ਮੁਕਤ ਸਮਾਜ ਦੇ ਸੱਚੇ ਦੂਤ ਬਣ ਕੇ ਆਪਣੇ ਪਰਿਵਾਰ, ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਨੇ ਸਾਰਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਇਸ ਸਮਾਜਿਕ ਬੁਰਾਈ ਤੋਂ ਬਚਾਉਣ ਦਾ ਸੱਦਾ ਦਿੱਤਾ।


दैनिक भास्कर
2026-06-28
पटियाला भास्कर (3)

# वी आर ड्रग फ्री का दिया संदेश



फतेहगढ़ साहिब | अंतरराष्ट्रीय नशा विरोधी दिवस पर बच्चों की ओर से वी आर ड्रग फ्री को लेकर एक मानव श्रृंखला भी बनाई गई। अकाल अकादमी माधोपुर की प्रिंसिपल कुलदीप कौर ने कहा कि अकादमी का यह प्रयास छात्रों की नशामुक्त समाज की वचनबद्धता को दिखाता है।

## महाराज... भाजपा...



# फूड विक्रेताओं को खाद्य सुरक्षा...

भास्कर न्यूज | पटियाला

## पीएम स्वनिधि महोत्सव में फूड...

सच्ची बात, बेधड़क
दैनिक भास्कर

दैनिक जागरण

27 june 2026

# अकाल एकेडमी के छात्रों ने दिया नशा मुक्ति का संदेश

**संवाद सूत्र, जागरण • खमाणों :** कलगीधर ट्रस्ट, बड़ू साहिब द्वारा संचालित अकाल एकेडमी खमाणो में आज 'अंतरराष्ट्रीय नशा निषेध और अवैध तस्करी विरोधी दिवस' के अवसर पर नशा मुक्ति जागरूकता अभियान के तहत एक विशेष कार्यक्रम का आयोजन किया गया। इस अभियान के दौरान अकाल एकेडमी के विद्यार्थियों ने स्कूल के खेल मैदान में मानव श्रृंखला (ह्यूमन चेन) द्वारा अक्षर बनाकर हम नशा मुक्त हैं का एक बेहद प्रभावशाली संदेश दिया। इस अनूठी गतिविधि के माध्यम से विद्यार्थियों ने समाज को नशे की लत से दूर रहने और एक स्वस्थ जीवन शैली अपनाने के लिए प्रेरित किया।

[https://www.facebook.com/share/p/17Qq5JGkJj/](https://www.facebook.com/share/p/17Qq5JGkJj/)

29 June2026

**Punjab Track's post**

**Punjab Track** is with **BJP Pardeep Kumar Nanda -Bahawalpuri** and **6 others**
26 June at 17:23 ·

15 ਹਜ਼ਾਰ ਅਕਾਲ ਅਕੈਡਮੀ ਵਿਦਿਆਰਥੀਆਂ ਨੇ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਨਾਲ ਵਿਸ਼ਵ ਰਿਕਾਰਡ ਬਣਾਉਣ ਦਾ ਕੀਤਾ ਯਤਨ
ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ 121 ਅਕਾਲ ਅਕੈਡਮੀਆਂ ਵਿੱਚ ਇੱਕੋ ਸਮੇਂ ਚਲਾਈ ਗਈ ਜਾਗਰੂਕਤਾ ਮੁਹਿੰਮ

ਪੰਜਾਬ ਟਰੈਕ/ਦਰਸ਼ਨ ਸਿੰਘ ਮਿੱਠਾ
ਫਤਹਿਗੜ੍ਹ ਸਾਹਿਬ, 26 ਜੂਨ

ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਦ ਕਲਗੀਧਰ ਟਰੱਸਟ ਅਧੀਨ ਚੱਲ ਰਹੀਆਂ 121 ਅਕਾਲ ਅਕੈਡਮੀਆਂ ਦੇ 15 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕੋ ਸਮੇਂ ਅਸੀਂ ਨਸ਼ਾ ਮੁਕਤ ਹਾਂ' ਦੀ ਮਨੁੱਖੀ ਅੱਖਰ ਰਚਨਾ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ। ਇਹ ਉਪਰਾਲਾ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਦੇ ਉਦੇਸ਼ ਨਾਲ ਕੀਤਾ ਗਿਆ। ਜ਼ਿਲ੍ਹਾ ਫਤਿਹਗੜ੍ਹ ਸਾਹਿਬ ਅਧੀਨ ਅਕਾਲ ਅਕੈਡਮੀ ਚੁੰਨੀ ਕਲਾਂ ਦੇ 52, ਖਮਾਣੋਂ ਖੁਰਦ ਦੇ 60 ਅਤੇ ਮਾਧੋਪੁਰ ਦੇ 80 ਵਿਦਿਆਰਥੀਆਂ ਨੇ ਇਸ ਮੁਹਿੰਮ ਵਿੱਚ ਭਾਗ ਲਿਆ। ਅਕਾਲ ਅਕੈਡਮੀ ਮਾਧੋਪੁਰ ਦੀ ਪ੍ਰਿੰਸੀਪਲ ਕੁਲਦੀਪ ਕੌਰ ਰਾਏ ਨੇ ਕਿਹਾ ਕਿ ਇਹ ਉਪਰਾਲਾ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਦੱਸਿਆ ਕਿ ਅਕੈਡਮੀਆਂ ਵਿੱਚ ਸਾਲ ਭਰ ਮੁੱਲ-ਆਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮੀ ਗਤੀਵਿਧੀਆਂ ਰਾਹੀਂ ਨੌਜਵਾਨਾਂ ਨੂੰ ਸਹੀ ਦਿਸ਼ਾ ਦਿੱਤੀ ਜਾਂਦੀ ਹੈ। ਦ ਕਲਗੀਧਰ ਟਰੱਸਟ ਵੱਲੋਂ ਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਅਕਾਲ ਅਕੈਡਮੀਆਂ ਦੇ ਵਿਦਿਆਰਥੀ ਪਹਿਲਾਂ ਵੀ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ ਰਿਕਾਰਡਜ਼ ਸਨਮਾਨ ਹਾਸਲ ਕਰ ਚੁੱਕੇ ਹਨ। ਇਹ ਮੁਹਿੰਮ ਨੌਜਵਾਨਾਂ ਨੂੰ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨੀ ਜਾ ਰਹੀ ਹੈ।

See translation



ਹੱਕ ਸੱਚ ਦਾ ਪਹਿਰੇਦਾਰ

27 June2026

# ਅਕਾਲ ਅਕੈਡਮੀ ਖਮਾਣੋਂ ਵੱਲੋਂ ਨਸ਼ਾ ਮੁਕਤ ਜਾਗਰੂਕਤਾ ਮੁਹਿੰਮ ਦਾ ਆਯੋਜਨ



ਖਮਾਣੋਂ, 26 ਜੂਨ - ਕਲਗੀਧਰ ਟਰੱਸਟ, ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਖਮਾਣੋਂ ਵਿਖੇ ਅੱਜ ... WE ARE DRUG FREE ... [illegible]

ਪੰਜਾਬੀ ਟ੍ਰਿਬਿਊਨ

28 June2026

# ਨਸ਼ਾ ਵਿਰੋਧੀ ਮੁਹਿੰਮ ਵਿੱਚ 15 ਹਜ਼ਾਰ ਵਿਦਿਆਰਥੀ ਸ਼ਾਮਲ


**ਪੱਤਰ ਪ੍ਰੇਰਕ**
**ਬਸੀ ਪਠਾਣਾਂ, 28 ਜੂਨ**

ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮੌਕੇ ਦਿ ਕਲਗੀਧਰ ਟਰੱਸਟ ਅਧੀਨ ਚੱਲ ਰਹੀਆਂ 121 ਅਕਾਲ ਅਕੈਡਮੀਆਂ ਦੇ 15 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਇਕੱਠੇ ਹੋ ਕੇ 'ਅਸੀਂ ਨਸ਼ਾ ਮੁਕਤ ਹਾਂ' ਦੀ ਵਿਸ਼ਾਲ ਮਨੁੱਖੀ ਅੱਖਰ ਰਚਨਾ ਤਿਆਰ ਕਰਦਿਆਂ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਦਾ ਸ਼ਕਤੀਸ਼ਾਲੀ ਸੰਦੇਸ਼ ਦਿੱਤਾ। ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਤੇ ਰਾਜਸਥਾਨ ਵਿੱਚ ਇੱਕੋ ਸਮੇਂ ਕੀਤੇ ਗਏ ਇਸ ਵਿਲੱਖਣ ਉਪਰਾਲੇ ਨੂੰ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਲਈ ਭੇਜਿਆ ਜਾ ਰਿਹਾ ਹੈ। ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਅਧੀਨ ਅਕਾਲ ਅਕੈਡਮੀ ਚੁੰਨੀ ਕਲਾਂ ਦੇ 82, ਖਮਾਣੋਂ ਖੁਰਦ ਦੇ 60 ਤੇ ਮਾਧੋਪੁਰ ਦੇ 80 ਵਿਦਿਆਰਥੀਆਂ ਨੇ ਮੁਹਿੰਮ ਵਿੱਚ ਹਿੱਸਾ ਲਿਆ। ਅਕਾਲ ਅਕੈਡਮੀ ਮਾਧੋਪੁਰ ਦੀ ਪ੍ਰਿੰਸੀਪਲ ਕੁਲਦੀਪ ਕੌਰ ਰਾਏ ਨੇ ਇਹ ਜਾਣਕਾਰੀ ਦਿੱਤੀ।

ਸਪੋਕਸਮੈਨ

27 June2026

# ਅਕਾਲ ਅਕੈਡਮੀ ਖਮਾਣੋਂ ਵੱਲੋਂ ਨਸ਼ਾ ਮੁਕਤ ਜਾਗਰੂਕਤਾ ਮੁਹਿੰਮ ਦਾ ਆਯੋਜਨ



ਖਮਾਣੋਂ, 26 ਜੂਨ (ਬਲਬੀਰ ਸਿੰਘ ਸਿੱਧੂ): ਕਲਗੀਧਰ ਟਰੱਸਟ, ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਖਮਾਣੋਂ ਵਿਖੇ ਅੱਜ ਡਰੱਗ ਦੁਰਵਰਤੋਂ ਅਤੇ ਗੈਰਕਾਨੂੰਨੀ ਤਸਕਰੀ ਦੇ ਖ਼ਿਲਾਫ਼ ਅੰਤਰਰਾਸ਼ਟਰੀ ਦਿਵਸ ਮੌਕੇ,ਨਸ਼ਾ ਮੁਕਤ ਜਾਗਰੂਕਤਾ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਮੁਹਿੰਮ ਦੌਰਾਨ ਅਕਾਲ ਅਕੈਡਮੀ ਦੇ ਵਿਦਿਆਰਥੀਆਂ ਨੇ ਸਕੂਲ ਦੇ ਮੈਦਾਨ ਵਿੱਚ ਮਨੁੱਖੀ ਅੱਖਰ ਬਣਾ ਕੇ "WE ARE DRUG FREE" ਦਾ ਸੰਦੇਸ਼ ਦਿੱਤਾ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਸਮਾਜ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕਾਂ, ਅਧਿਆਪਕਾਂ ਵਿਦਿਆਰਥੀਆਂ ਅਤੇ ਸਟਾਫ਼ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਆਪਣੀ ਵਚਨਬੱਧਤਾ ਦੁਹਰਾਈ। ਸਮਾਗਮ ਦੌਰਾਨ ਇਹ ਸੰਦੇਸ਼ ਵੀ ਦਿੱਤਾ ਗਿਆ ਕਿ ਬੱਚੇ ਨਾ ਸਿਰਫ਼ ਖੁਦ ਨਸ਼ਿਆਂ ਤੋਂ ਦੂਰ ਰਹਿਣਗੇ, ਸਗੋਂ ਇਸ ਬੁਰਾਈ ਦੇ ਖ਼ਿਲਾਫ਼ ਇਕੱਠੇ ਹੋ ਕੇ ਆਵਾਜ਼ ਵੀ ਉਠਾਉਣਗੇ।ਇਹ ਉਪਰਾਲਾ ਲੰਡਨ ਬੁੱਕ ਆਫ਼ ਰਿਕਾਰਡਜ਼ ਨੂੰ ਵਿਸ਼ਵ ਰਿਕਾਰਡ ਦਰਜ ਕਰਨ ਲਈ ਭੇਜਿਆ ਜਾ ਰਿਹਾ ਹੈ, ਕਿਉਂਕਿ ਇੱਕੋ ਸਮੇਂ ਸਾਰੀਆਂ ਅਕਾਲ ਅਕੈਡਮੀਆਂ ਵੱਲੋਂ ਇਹ ਗਤੀਵਿਧੀ ਕੀਤੀ ਗਈ । ਸੰਤ ਬਾਬਾ ਇਕਬਾਲ ਸਿੰਘ ਜੀ ਮਹਾਰਾਜ ਦੇ ਨਸ਼ਾ-ਮੁਕਤ ਅਤੇ ਉਸਾਰੂ ਸਿੱਖਿਆ ਵਾਲੇ ਸਮਾਜ ਦੇ ਸੁਪਨੇ ਨੂੰ ਅੱਗੇ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਵੱਲੋਂ ਨਸ਼ਾ-ਮੁਕਤ ਪੰਜਾਬ ਅਤੇ ਨਸ਼ਾ-ਮੁਕਤ ਭਾਰਤ ਬਣਾਉਣ ਦਾ ਸੰਕਲਪ ਲਿਆ ਗਿਆ ।ਇਸ ਮੌਕੇ ਸ੍ਰੀ ਪ੍ਰਿਤਪਾਲ ਸਿੰਘ ਬੀ.ਪੀ. ਈ. ਓ. ਖਮਾਣੋਂ ਮੁੱਖ ਮਹਿਮਾਨ ਵਜੋਂ ਅਤੇ ਸ੍ਰੀ ਜਗਦੀਪ ਸਿੰਘ ਅਰਬਨ ਟਾਊਨ ਪਲਾਨਰ ਪਟਿਆਲਾ ਵਿਸ਼ੇਸ਼ ਮਹਿਮਾਨ ਵੱਜੋਂ ਸ਼ਾਮਲ ਹੋਏ । ਪ੍ਰਿੰਸੀਪਲ ਅਮਰਜੀਤ ਕੌਰ ਨੇ ਇਸ ਮੌਕੇ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕੀਤਾ

29 June2026

https://youtu.be/_2UHOSDB6aA